ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਮੁਕਾਬਲੇ ਦੇ ਇਮਤਿਹਾਨਾਂ ਦੀ ਤਿਆਰੀ ਕਰਨ ਹਿੱਤ ਵਿਦਿਆਰਥੀਆਂ ਲਈ ਲਾਹੇਵੰਦ ਸਾਬਿਤ ਹੋ ਰਹੀ ਹੈ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ-ਈਸ਼ਾ ਕਾਲੀਆ

10 ਜੁਲਾਈ ਤੋਂ ਰੈਡ ਕਰਾਸ ਵਿਖੇ ਚੱਲ ਰਹੀ ਹੈ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ

ਹੁਣ ਤੱਕ 71 ਮੈਂਬਰ ਲੈ ਰਹੇ ਨੇ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਦਾ ਲਾਹਾ

ਲਾਇਬ੍ਰੇਰੀ 'ਚ 700 ਦੇ ਲਗਪਗ ਨੇ ਪੁਸਤਕਾਂ

ਫਾਜ਼ਿਲਕਾ 02 ਨਵੰਬਰ

ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਦੇ ਕੰਪਲੈਕਸ ਵਿਖੇ ਚੱਲ ਰਹੀ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਵਿਦਿਆਰਥੀਆਂ ਨੂੰ ਮੁਕਾਬਲੇ ਦੇ ਇਮਤਿਹਾਨਾਂ ਦੀ ਤਿਆਰੀ ਕਰਨ ਹਿੱਤ ਲਾਹੇਵੰਦ ਸਾਬਿਤ ਹੋ ਰਹੀ ਹੈ। 10 ਜੁਲਾਈ 2017 ਤੋਂ ਸ਼ੁਰੂ ਕੀਤੀ ਗਈ ਇਸ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਤੋਂ ਹੁਣ ਤੱਕ 71 ਵਿਦਿਆਰਥੀ ਮੈਂਬਰਾਂ ਵੱਲੋਂ ਗਿਆਨ ਪ੍ਰਾਪਤ ਕਰਕੇ ਲਾਹਾ ਲਿਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਇਸ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ 'ਚ 3 ਭਾਸ਼ਾਵਾਂ 'ਚ ਵੱਖ-ਵੱਖ ਤਰ੍ਹਾਂ ਦੀਆਂ 700 ਦੇ ਲਗਪਗ ਕਿਤਾਬਾਂ ਉਪਲਬਧ ਹਨ ਜਿੰਨ੍ਹਾਂ ਵਿੱਚ ਵਿਸ਼ੇਸ਼ ਤੌਰ ਤੇ ਆਈ.ਏ.ਐਸ., ਪੀ.ਸੀ.ਐਸ., ਬੈਂਕਿੰਗ ਆਦਿ ਮੁਕਾਬਲੇ ਦੇ ਇਮਤਿਹਾਨਾਂ ਦੀਆਂ ਪੁਸਤਕਾਂ ਮੁਹੱਈਆਂ ਕਰਵਾਈਆਂ ਗਈਆਂ ਹਨ।

ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਕਿਤਾਬਾਂ ਦਾ ਮਨੁੱਖੀ ਜ਼ਿੰਦਗੀ ਵਿੱਚ ਬਹੁਤ ਹੀ ਅਹਿਮ ਯੋਗਦਾਨ ਹੈ। ਇਹ ਮਨੁੱਖ ਤੋਂ ਭਾਵੇਂ ਲੈਂਦੀਆਂ ਕੁਝ ਨਹੀਂ ਸਗੋਂ ਜ਼ਿੰਦਗੀ ਵਿੱਚ ਅੱਗੇ ਵੱਧਣ ਵਿੱਚ ਵੱਢਮੁੱਲਾ ਯੋਗਦਾਨ ਜ਼ਰੂਰ ਪਾਉਂਦੀਆਂ ਹਨ। ਇਸ ਲਈ ਹਰ ਇਨਸਾਨ ਨੂੰ ਜ਼ਿੰਦਗੀ ਵਿੱਚ ਕੁੱਝ ਬਣਨ ਲਈ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ ਦੀ ਆਦਤ ਪਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕੋਈ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਨਾ ਹੋਣ ਕਰਕੇ ਵਿਦਿਆਰਥੀਆਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਵਿਦਿਆਰਥੀਆਂ ਦੀ ਇਸ ਮੁਸ਼ਕਲ ਨੂੰ ਦੇਖਦਿਆਂ ਹੋਇਆ ਰੈਡ ਕਰਾਸ ਸੋਸਾਇਟੀ ਰਾਹੀਂ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਨੂੰ ਸ਼ੁਰੂ ਕੀਤਾ ਗਿਆ।

ਸਕੱਤਰ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਸ੍ਰੀ ਸੁਭਾਸ਼ ਅਰੋੜਾ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਦਿਆਰਥੀ ਇਸ ਲਾਇਬ੍ਰੇਰੀ ਵਿੱਚ ਬੈਠ ਕੇ ਪੜ੍ਹਨ ਤੋਂ ਇਲਾਵਾ ਆਪਣੇ ਘਰ ਕਿਤਾਬਾਂ ਲਿਜਾ ਕੇ ਵੀ ਪੜ੍ਹ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨਾ-ਮਾਤਰ ਜਿਹੀ ਫੀਸ ਦੇ ਕੇ

ਵਿਦਿਆਰਥੀ ਇਸ ਲਾਇਬ੍ਰੇਰੀ ਵਿਖੇ ਮੈਂਬਰਸ਼ਿਪ ਹਾਸਲ ਕਰ ਸਕਦੇ ਹਨ ਤੇ ਕਿਤਾਬਾਂ ਪੜ੍ਹ ਕੇ ਆਪਣੇ ਗਿਆਨ ਵਿੱਚ ਵਾਧਾ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਵਿਦਿਆਰਥੀਆਂ ਨੂੰ ਇਸ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।